# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 19:30

**ਮਿਤੀ :17-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਹੈ ਕਿ ਦੁਨੀਆ ਨੂੰ ਨਵੇਂ ਅਤੇ ਭਰੋਸੇਮੰਦ ਨਿਰਮਾਣ ਕੇਂਦਰਾਂ ਦੀ ਲੋੜ ਏ , ਅਤੇ ਭਾਰਤ ਇਸ ਨੂੰ ਪੂਰਾ ਕਰਨ ਲਈ ਤਿਆਰੀ ਕਰ ਰਿਹਾ ਏ।

- ਦੇਹਾਤੀ ਵਿਕਾਸ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਨੇ ਕਿ ਉਹ ਇਸ ਗੱਲ ਦਾ ਪਤਾ ਲਾਉਣ ਕਿ ਵਿਕਸਤ ਭਾਰਤ G RAM G ਯੋਜਨਾ ਵਿਕਸਤ ਪਿੰਡਾਂ ਦੇ ਨਿਰਮਾਣ ਵਿੱਚ ਕਿਵੇਂ ਯੋਗਦਾਨ ਪਾ ਸਕਦੀ ਏ।

- ਇਸ ਸਾਲ ਅਗਸਤ ਵਿੱਚ ਭਾਰਤ ਦੀ ਕੱਪੜਾ ਬਰਾਮਦ ਵਧ ਕੇ 29,700 ਕਰੋੜ ਰੁਪਏ ਤੋਂ ਵੱਧ ਹੋ ਗਈ ਏ |

- ਸੁਪਰੀਮ ਕੋਰਟ ਨੇ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (CBSE ) ਨੂੰ ਛੇਵੀਂ ਜਮਾਤ ਦੇ ਵਿਦਿਆਰਥੀਆਂ ਲਈ ਲਾਜ਼ਮੀ ਤ੍ਰੈ-ਭਾਸ਼ਾ ਨੀਤੀ 2027 ਦੇ ਅਕਾਦਮਿਕ SESSION ਤੋਂ ਲਾਗੂ ਕਰਨ 'ਤੇ ਵਿਚਾਰ ਕਰਨ ਲਈ ਕਿਹਾ ਏ ।

- ਭਾਰਤ ਅਤੇ ਅਫਗਾਨਿਸਤਾਨ ਵਿਚਕਾਰ ਤਿੰਨ 20-20 ਕ੍ਰਿਕੇਟ ਮੈਚਾਂ ਦੀ ਅੰਤਰਰਾਸ਼ਟਰੀ ਲੜੀ ਦਾ ਆਖਰੀ ਮੈਚ ਨਵੀਂ ਦਿੱਲੀ ਵਿੱਚ ਖੇਡਿਆ ਜਾ ਰਿਹਾ ਏ |

***<u>ਹੁਣ ਖਬਰਾਂ ਵਿਸਥਾਰ ਨਾਲ</u>***

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਦੁਨੀਆ ਨੂੰ ਨਵੇਂ ਅਤੇ ਭਰੋਸੇਮੰਦ ਨਿਰਮਾਣ ਕੇਂਦਰਾਂ ਦੀ ਲੋੜ ਹੈ, ਅਤੇ ਭਾਰਤ ਇਸ ਲੋੜ ਨੂੰ ਪੂਰਾ ਕਰਨ ਲਈ ਤਿਆਰੀ ਕਰ ਰਿਹਾ ਹੈ। ਅੱਜ ਨਵੀਂ ਦਿੱਲੀ ਦੇ ਯਸ਼ੋਭੂਮੀ ਵਿਖੇ ਸੈਮੀਕੋਨ ਇੰਡੀਆ 2026 ਦਾ ਉਦਘਾਟਨ ਕਰਦਿਆਂ ਸ਼੍ਰੀ ਮੋਦੀ ਨੇ ਦੇਸ਼ ਨੂੰ ਆਲਮੀ ਨਿਰਮਾਣ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਇੱਕ ਭਰੋਸੇਮੰਦ ਅਤੇ ਤਿਆਰ ਕੇਂਦਰ ਦੱਸਿਆ। ਸ਼੍ਰੀ ਮੋਦੀ ਨੇ ਕਿਹਾ ਕਿ ਇੱਕ ਪਾਸੇ ਭਾਰਤ ਦੀ ਅਰਥਵਿਵਸਥਾ ਵਧ ਰਹੀ ਹੈ ਅਤੇ ਦੂਜੇ ਪਾਸੇ, ਭਾਰਤ ਵਿੱਚ ਵਿਸ਼ਵਵਿਆਪੀ ਵਿਸ਼ਵਾਸ ਵੀ ਵਧ ਰਿਹਾ ਹੈ। ਉਨ੍ਹਾਂ ਕਿਹਾ, ਚੁਣੌਤੀਪੂਰਨ ਵਿਸ਼ਵਵਿਆਪੀ ਵਾਤਾਵਰਣ ਦੇ ਬਾਵਜੂਦ, ਭਾਰਤ ਨੇ 7.8 ਫੀਸਦੀ ਦੀ ਵਿਕਾਸ ਦਰ ਦਰਜ ਕੀਤੀ।

BYTE

ਸ਼੍ਰੀ ਮੋਦੀ ਨੇ ਕਿਹਾ, ਦੇਸ਼ ਦਾ ਹਰ ਨਾਗਰਿਕ ਇੱਕ ਵਿਕਸਤ ਭਾਰਤ ਬਣਾਉਣ ਲਈ ਵਚਨਬੱਧਤਾ ਨਾਲ ਕੰਮ ਕਰ ਰਿਹਾ ਹੈ। ਪ੍ਰਧਾਨ ਮੰਤਰੀ ਨੇ ਕਿਹਾ, ਭਾਰਤ ਦਾ ਸੈਮੀਕੰਡਕਟਰ ਈਕੋਸਿਸਟਮ ਤੇਜ਼ੀ ਨਾਲ ਫੈਲ ਰਿਹਾ ਹੈ ਅਤੇ ਇਹਨਵੀਨਤਾ, ਨਿਵੇਸ਼ ਅਤੇ ਵਿਕਾਸ ਲਈ ਨਵੇਂ ਮੌਕੇ ਪੈਦਾ ਰਿਹਾ ਹੈ।

BYTE

ਸ਼੍ਰੀ ਮੋਦੀ ਨੇ ਕਿਹਾ, ਭਾਰਤ ਸੈਮੀਕੰਡਕਟਰ ਉਦਯੋਗ ਲਈ ਇੱਕ ਪਸੰਦੀਦਾ ਸਥਾਨ ਬਣਨ ਲਈ ਹਰ ਜ਼ਰੂਰੀ ਕਦਮ ਚੁੱਕ ਰਿਹਾ ਹੈ। ਉਨ੍ਹਾਂ ਕਿਹਾ, ਦੁਨੀਆ ਨਵੇਂ ਅਤੇ ਭਰੋਸੇਮੰਦ ਨਿਰਮਾਣ ਸਥਾਨਾਂ ਦੀ ਭਾਲ ਕਰ ਰਹੀ ਹੈ। ਸ਼੍ਰੀ ਮੋਦੀ ਨੇ ਕਿਹਾ, ਭਾਰਤ ਵਿੱਚ ਨਿਰਮਿਤ ਚਿਪਸ ਹੁਣ ਦੇਸ਼ ਦੇ ਅੰਦਰ ਅਤੇ ਦੁਨੀਆ ਭਰ ਵਿੱਚ ਉਪਲਬਧ ਹਨ। ਸ਼੍ਰੀ ਮੋਦੀ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਹਾਲ ਹੀ ਵਿੱਚ ਮੋਹਾਲੀ ਅਤੇ ਸੂਰਤ ਵਿੱਚ ਦੋ ਸੈਮੀਕੰਡਕਟਰ ਪਲਾਂਟਾਂ ਵਿੱਚ ਵਪਾਰਕ ਉਤਪਾਦਨ ਸ਼ੁਰੂ ਹੋਇਆ ਹੈ। ਉਨ੍ਹਾਂ ਕਿਹਾ, ਕਿਸੇ ਵੀ ਦੇਸ਼ ਲਈ ਇਸ ਪੜਾਅ ਤੇ ਪਹੁੰਚਣਾ ਆਸਾਨ ਨਹੀਂ ਹੈ। ਸ਼੍ਰੀ ਮੋਦੀ ਨੇ ਕਿਹਾ, ਇੰਡੀਆ ਸੈਮੀਕੰਡਕਟਰ ਮਿਸ਼ਨ 2.0 ਨੇ ਪਹਿਲੇ ਪੜਾਅ ਵਿੱਚ 8 ਅਰਬ ਅਮਰੀਕੀ ਡਾਲਰ ਤੋਂ ਵਧਾ ਕੇ 13.5 ਅਰਬ ਅਮਰੀਕੀ ਡਾਲਰ ਕਰ ਦਿੱਤਾ ਹੈ। ਉਨ੍ਹਾਂ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਹੁਣ ਤੱਕ 12 ਚਿੱਪ ਬਣਾਉਣ ਦੇ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ, ਅਗਲੇ ਪੜਾਅ ਵਿੱਚ ਇਹ ਹੋਰ ਵਧੇਗਾ ਆਪਣੇ ਸੰਬੋਧਨ ਵਿੱਚ, ਪ੍ਰਧਾਨ ਮੰਤਰੀ ਨੇ ਨਵੀਂ ਦਿੱਲੀ ਵਿੱਚ ਹਾਲ ਹੀ ਵਿੱਚ ਹੋਏ ਬ੍ਰਿਕਸ ਸੰਮੇਲਨ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ, ਭਾਰਤ ਨੇ ਉਸ ਸੰਮੇਲਨ

ਦੀ ਸਫਲਤਾਪੂਰਵਕ ਮੇਜ਼ਬਾਨੀ ਕੀਤੀ ਜਿਸ ਵਿੱਚ ਹਰ ਮੈਂਬਰ ਦੇਸ਼ ਦੀ ਸਹਿਮਤੀ ਨਾਲ ਨਵੀਂ ਦਿੱਲੀ ਐਲਾਨਨਾਮੇ ਨੂੰ ਅਪਣਾਇਆ ਗਿਆ ਸੀ। ਸ਼੍ਰੀ ਮੋਦੀ ਨੇ ਕਿਹਾ, ਇਹ ਭਾਰਤ ਵਿੱਚ ਦੁਨੀਆ ਦੇ ਵਿਸ਼ਵਾਸ ਦਾ ਇੱਕ ਹੋਰ ਵੱਡਾ ਸਬੂਤ ਏ | ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਭਾਰਤ ਵਿੱਚ ਦੁਨੀਆ ਦੇ ਵਧ ਰਹੇ ਵਿਸ਼ਵਾਸ ਦਾ ਇੱਕ ਹੋਰ ਮਹੱਤਵਪੂਰਨ ਪ੍ਰਮਾਣ ਹੈ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਵਿਦੇਸ਼ਾਂ ਵਿੱਚ ਖੋਜ ਕਰ ਰਹੇ ਨੌਜਵਾਨਾਂ ਨੂੰ ਦੇਸ਼ ਵਿੱਚ ਉੱਨਤ ਤਕਨਾਲੋਜੀਆਂ ਦੇ ਵਿਕਾਸ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਉਦਯੋਗ ਪ੍ਰਤੀਨਿਧੀਆਂ ਨੂੰ ਦੇਸ਼ ਵਿੱਚ ਖੋਜ ਅਤੇ ਵਿਕਾਸ ਦੀ ਅਗਵਾਈ ਕਰਨ ਦੀ ਅਪੀਲ ਕੀਤੀ। ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ, ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਭਾਰਤ ਦਹਾਕਿਆਂ ਤੋਂ ਇੱਕ ਸੈਮੀਕੰਡਕਟਰ ਪਲਾਂਟ ਸਥਾਪਤ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ, ਪਰ ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਹੀ ਸੰਭਵ ਹੋਇਆ। ਉਨ੍ਹਾਂ ਕਿਹਾ ਕਿ ਹੁਣ ਨੀਂਹ ਰੱਖੀ ਜਾ ਚੁੱਕੀ ਹੈ, ਅਤੇ ਅਗਲਾ ਕਦਮ ਸੈਮੀਕੰਡਕਟਰ 2.0 ਰਾਹੀਂ ਨਿਰਮਾਣ ਨੂੰ ਉਤਸ਼ਾਹਿਤ ਕਰਨਾ ਹੈ | ਸ਼੍ਰੀ ਵੈਸ਼ਨਵ ਕਿਹਾ ਕਿ ਸਰਕਾਰ ਨੇ ਭਾਰਤ ਵਿੱਚ ਵੱਖ-ਵੱਖ ਸੈਮੀਕੰਡਕਟਰ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਚਿਪਸ ਡਿਜ਼ਾਈਨ ਕਰਨ ਲਈ 200 ਸਟਾਰਟਅੱਪਸ ਅਤੇ ਕੰਪਨੀਆਂ ਦਾ ਸਮਰਥਨ ਕਰਨ ਦਾ ਟੀਚਾ ਰੱਖਿਆ ਹੈ।

---------------------------------------------------------------

ਪੇਂਡੂ ਵਿਕਾਸ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਨੇ ਕਿ ਉਹ ਇਸ ਗੱਲ ਦਾ

ਪਤਾ ਲਾਉਣ ਕਿ  ਵਿਕਸਤ ਭਾਰਤ G RAM G ਯੋਜਨਾ ਵਿਕਸਤ ਪਿੰਡਾਂ ਦੇ ਨਿਰਮਾਣ ਵਿੱਚ ਕਿਵੇਂ ਯੋਗਦਾਨ ਪਾ ਸਕਦੀ ਹੈ। ਵਿਕਸਤ ਭਾਰਤ-G RAM G ਯੋਜਨਾ ਬਾਰੇ  ਇੱਕ ਰਾਸ਼ਟਰੀ ਵਰਕਸ਼ਾਪ ਵਿੱਚ ਬੋਲਦਿਆਂ ਸ਼੍ਰੀ , ਚੌਹਾਨ ਨੇ ਕਿਹਾ ਕਿ ਇਸਦਾ ਉਦੇਸ਼ ਰੁਜ਼ਗਾਰ ਪ੍ਰਦਾਨ ਕਰਨਾ ਅਤੇ ਅਜਿਹੀਆਂ ਸੰਪਤੀਆਂ ਪੈਦਾ ਕਰਨੈ ਹੈ ਜੋ ਪੇਂਡੂ ਭਾਈਚਾਰਿਆਂ ਦੇ ਲੰਬੇ ਸਮੇਂ ਲਈ ਕੰਮ ਆਉਣ ਤੇ  ਪਿੰਡਾਂ ਨੂੰ ਆਤਮ - ਨਿਰਭਰ ਅਤੇ ਵਿਕਸਤ ਬਣਨ ਵਿੱਚ ਸਹਾਇਤਾ ਕਰਨ। ਉਨ੍ਹਾਂ  ਨੇ ਅਧਿਕਾਰੀਆਂ ਨੂੰ ਯੋਜਨਾ  ਤਹਿਤ ਚੱਲ ਰਹੇ ਪ੍ਰੋਜੈਕਟਾਂ ਦਾ ਅਚਾਨਕ ਨਿਰੀਖਣ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੰਮ ਵਿੱਚ ਸਿਰਫ਼ ਇੱਕ ਜਗ੍ਹਾ ਤੋਂ ਮਿੱਟੀ ਪੁੱਟਣਾ ਅਤੇ ਇਸਨੂੰ ਕਿਤੇ ਹੋਰ ਸੁੱਟਣ ਸ਼ਾਮਲ ਨਹੀਂ ਹੋਣਾ ਚਾਹੀਦਾ। ਉਨ੍ਹਾਂ ਅੱਗੇ ਕਿਹਾ ਕਿ, ਵਿਕਸਤ ਭਾਰਤ ਲਈ ਵਿਕਸਤ ਪਿੰਡ ਦੇ ਉਦੇਸ਼ ਨੂੰ ਧਿਆਨ ਵਿੱਚ ਰੱਖਦੇ ਹੋਏ, ਯੋਜਨਾ ਦੇ ਤਹਿਤ ਕੀਤੇ ਗਏ ਪ੍ਰੋਜੈਕਟਾਂ ਨੂੰ ਪਿੰਡ ਦੇ ਵਿਕਾਸ ਲਈ ਇੱਕ ਮਜ਼ਬੂਤ ਨੀਂਹ ਰੱਖਣੀ ਚਾਹੀਦੀ ਹੈ |

---------------------------------------------------------

ਇਸ ਸਾਲ ਅਗਸਤ ਵਿੱਚ ਭਾਰਤ ਦੀ  ਕੱਪੜਾ ਬਰਾਮਦ ਵਧ ਕੇ 29,700 ਕਰੋੜ ਰੁਪਏ ਤੋਂ ਵੱਧ ਹੋ ਗਈ , ਜੋ ਕਿ ਪਿਛਲੇ ਸਾਲ ਇਸੇ ਮਹੀਨੇ ਵਿੱਚ 25,600 ਕਰੋੜ ਰੁਪਏ  ਤੋਂ ਵੱਧ ਸੀ। ਟੈਕਸਟਾਈਲ ਮੰਤਰਾਲੇ ਨੇ ਕਿਹਾ ਕਿ ਅਗਸਤ 2025 ਦੇ ਮੁਕਾਬਲੇ ਬਰਾਮਦ  ਵਿੱਚ 16.1 ਫੀਸਦੀ  ਵਾਧਾ ਦਰਜ ਕੀਤਾ ਗਿਆ ਹੈ। ਮੰਤਰਾਲੇ ਨੇ ਕਿਹਾ ਕਿ ਅਪ੍ਰੈਲ-ਅਗਸਤ 2026 ਦੌਰਾਨ, ਕੁੱਲ ਸੰਚਤ ਕੱਪੜਾ ਬਰਾਮਦ

1,40,000 ਕਰੋੜ ਰੁਪਏ  ਤੋਂ ਵੱਧ ਹੋ ਗਿਆ, ਜੋ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 10.3 ਫੀਸਦੀ ਵਾਧਾ ਦਰਸਾਉਂਦਾ ਏ।

---------------------------------------------------------------

ਸੁਪਰੀਮ ਕੋਰਟ ਨੇ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (CBSE) ਨੂੰ ਛੇਵੀਂ ਜਮਾਤ ਦੇ ਵਿਦਿਆਰਥੀਆਂ ਲਈ ਲਾਜ਼ਮੀ ਤ੍ਰੈ -ਭਾਸ਼ਾ ਨੀਤੀ 2027 ਦੇ ਅਕਾਦਮਿਕ ਸੈਸ਼ਨ ਤੋਂ ਲਾਗੂ ਕਰਨ 'ਤੇ ਵਿਚਾਰ ਕਰਨ ਲਈ ਕਿਹਾ ਹੈ। ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੀ ਬੈਂਚ ਨੇ ਵਿਦਿਆਰਥੀਆਂ ਦੀ ਸਹੂਲਤ ਲਈ ਇਸ ਨੂੰ ਮੁਲਤਵੀ ਕਰਨ ਦਾ ਸੁਝਾਅ ਦਿੱਤਾ ਨਾਲ ਹੀ ਕਿਹਾ ਕਿ ਛੇਵੀਂ ਜਮਾਤ ਵਿੱਚ ਪੜ੍ਹ ਰਹੇ ਉਹ ਵਿਦਿਆਰਥੀ ਜੋ ਇਸ ਸਾਲ ਤਿੰਨ ਭਾਸ਼ਾਵਾਂ ਪੜ੍ਹਨਾ ਚਾਹੁੰਦੇ ਹਨ, ਉਨ੍ਹਾਂ ਨੂੰ ਅਜਿਹਾ ਕਰਨ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ। ਰਾਸ਼ਟਰੀ ਸਿੱਖਿਆ ਨੀਤੀ 2020 ਅਨੁਸਾਰ,  ਵਿਦਿਆਰਥੀਆਂ ਨੂੰ ਤਿੰਨ ਭਾਸ਼ਾਵਾਂ ਪੜਨਾ ਲਾਜ਼ਮੀ ਏ | ਇਸ  ਵਿੱਚੋਂ ਘੱਟੋ-ਘੱਟ ਦੋ ਭਾਰਤੀ ਮਾਤ ਭਾਸ਼ਾਵਾਂ ਨੇ । ਬੋਰਡ ਦੇ ਸਰਕੂਲਰ ਦੇ ਅਨੁਸਾਰ, ਵਿਦੇਸ਼ੀ ਭਾਸ਼ਾਵਾਂ ਨੂੰ ਸਿਰਫ਼ ਤੀਜੇ ਜਾਂ ਚੌਥੇ ਵਿਸ਼ੇ ਵਜੋਂ ਲਿਆ ਜਾ ਸਕਦਾ ਹੈ।

---------------------------------------------------------------

ਕੋਲਾ ਮੰਤਰਾਲੇ ਨੇ ਅੱਜ ਨਵੀਂ ਦਿੱਲੀ ਵਿੱਚ ਵਪਾਰਕ ਕੋਲਾ ਖਾਣਾਂ ਦੀ ਨਿਲਾਮੀ ਦੇ 16ਵੇਂ ਗੇੜ ਦੀ ਸ਼ੁਰੂਆਤ ਕੀਤੀ। ਇਸ ਗੇੜ ਵਿੱਚ ਨੌਂ ਕੋਲਾ ਉਤਪਾਦਕ ਰਾਜਾਂ ਵਿੱਚ ਸਥਿਤ 25 ਕੋਲਾ ਬਲਾਕ ਸ਼ਾਮਲ ਨੇ | ਮੰਤਰਾਲੇ ਨੇ ਕਿਹਾ ਕਿ ਨੌਂ ਕੋਲਾ ਉਤਪਾਦਕ ਰਾਜਾਂ ਵਿੱਚ ਹੁਣ ਤੱਕ ਕੁੱਲ

147 ਕੋਲਾ ਖਾਣਾਂ ਦੀ ਨਿਲਾਮੀ ਕੀਤੀ ਗਈ ਹੈ। ਇਨ੍ਹਾਂ ਬਲਾਕਾਂ ਤੋਂ ਕੁੱਲ ਅਨੁਮਾਨਿਤ ਸਾਲਾਨਾ ਮਾਲੀਆ 47,500 ਕਰੋੜ ਰੁਪਏ ਤੋਂ ਵੱਧ ਹੈ ਅਤੇ ਅਨੁਮਾਨਿਤ ਪੂੰਜੀ ਨਿਵੇਸ਼ 55,000 ਕਰੋੜ ਰੁਪਏ ਤੋਂ ਵੱਧ ਦਾ ਏ। ਇਸ ਮੌਕੇ 'ਤੇ, ਕੋਲਾ ਅਤੇ ਖਾਣਾਂ ਬਾਰੇ ਰਾਜ ਮੰਤਰੀ, ਸਤੀਸ਼ ਚੰਦਰ ਦੂਬੇ ਨੇ ਭਾਰਤ ਦੇ ਵਿਕਾਸ ਵਿੱਚ ਕੋਲੇ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਸ਼੍ਰੀ ਦੂਬੇ ਨੇ ਕਿਹਾ ਕਿ ਭਾਰਤ ਦਾ ਕੋਲਾ ਉਤਪਾਦਨ ਕਾਫ਼ੀ ਵਧਿਆ ਹੈ ਅਤੇ ਲਗਾਤਾਰ ਦੂਜੇ ਸਾਲ 1 ਅਰਬ ਟਨ ਦੇ ਅੰਕੜੇ ਨੂੰ ਪਾਰ ਕਰ ਗਿਆ ਹੈ।

---------------------------------------------------------------

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਭੂਟਾਨ ਦੇ ਪ੍ਰਧਾਨ ਮੰਤਰੀ ਸ਼ੇਰਿੰਗ ਤੋਬਗੇ ਅਤੇ ਵਿਦੇਸ਼ ਮੰਤਰੀ ਡੀ.ਐਨ. ਢਿੰਗਯੇਲ ਦੇ ਨਾਲ ਮਿਲ ਕੇ ਭਾਰਤ ਆਉਣ ਵਾਲੇ ਭੂਟਾਨੀ ਨਾਗਰਿਕਾਂ ਲਈ ਅੰਤਰਰਾਸ਼ਟਰੀ ਯੂਪੀਆਈ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ। ਸ਼੍ਰੀ ਜੈਸ਼ੰਕਰ ਭੂਟਾਨ ਦੇ ਦੋ ਦਿਨਾਂ ਦੌਰੇ 'ਤੇ ਹਨ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਕਿਹਾ ਕਿ ਭੂਟਾਨ ਵਿੱਚ ਯੂਪੀਆਈ ਲੈਣ-ਦੇਣ ਦੀ ਸ਼ੁਰੂਆਤ ਦੇ ਨਾਲ, ਭਾਰਤ ਅਤੇ ਭੂਟਾਨ ਵਿਚਕਾਰ ਯੂਪੀਆਈ-ਅਧਾਰਤ ਡਿਜੀਟਲ ਭੁਗਤਾਨ ਕਨੈਕਟੀਵਿਟੀ ਪੂਰੀ ਹੋ ਗਈ ਹੈ। ਭਾਰਤੀ ਸੰਸਥਾਵਾਂ ਵਿੱਚ ਭੂਟਾਨੀ ਵਿਦਿਆਰਥੀਆਂ ਦੀ ਉੱਚ ਸਿੱਖਿਆ ਲਈ ਨਹਿਰੂ ਵਾਂਗਚੁਕ ਸਕਾਲਰਸ਼ਿਪ ਯੋਜਨਾ ਦਾ ਵਿਸਤਾਰ ਕਰਨ ਲਈ ਇੱਕ ਸਮਝੌਤੇ 'ਤੇ ਵੀ ਹਸਤਾਖਰ ਕੀਤੇ ਗਏ।

---

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਦੇਸ਼ ਦੇ ਨੌਜਵਾਨਾਂ ਦੀ ਊਰਜਾ ਨੂੰ ਦੇਸ਼ ਦੀ ਤਾਕਤ ਵਿੱਚ ਬਦਲਣ ਲਈ ਮੌਕਿਆਂ ਦੇ ਨਵੇਂ ਦਰਵਾਜ਼ੇ ਖੋਲ੍ਹੇ ਨੇ । ਖੇਲੋ ਇੰਡੀਆ ਨੇ ਖੇਡ ਪ੍ਰਤਿਭਾ ਲਈ ਇੱਕ ਮੰਚ  ਪ੍ਰਦਾਨ ਕੀਤੈ , ਫਿੱਟ ਇੰਡੀਆ ਨੇ ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕੀਤਾ, ਸਕਿੱਲ ਇੰਡੀਆ ਨੇ ਹੁਨਰਾਂ ਨੂੰ ਮੌਕਿਆਂ ਨਾਲ ਜੋੜਿਆ, ਅਤੇ ਸਟਾਰਟਅੱਪ ਇੰਡੀਆ ਨੇ ਨੌਜਵਾਨਾਂ ਵਿੱਚ ਉੱਦਮਤਾ ਦੀ ਇੱਕ ਨਵੀਂ ਊਰਜਾ ਪੈਦਾ ਕੀਤੀ। ਇਸੇ ਤਰ੍ਹਾਂ ਮੁਦਰਾ ਯੋਜਨਾ ਅਤੇ ਸਟੈਂਡ-ਅੱਪ ਇੰਡੀਆ ਨੇ ਨੌਜਵਾਨਾਂ ਲਈ ਆਤਮ -ਰੁਜ਼ਗਾਰ ਅਤੇ ਉੱਦਮਤਾ ਦੇ ਰਸਤੇ ਖੋਲ੍ਹੇ ਨੇ । ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅੱਜ ਅੰਬਾਲਾ ਵਿੱਚ ਸੇਵਾ ਸੰਕਲਪ ਮੁਹਿੰਮ ਦੇ ਉਦਘਾਟਨ ਮੌਕੇ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਦੇ 25 ਸਾਲਾਂ ਦੀ  ਜਨਤਕ ਸੇਵਾ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਕਿਹਾ ਕਿ ਉਹ ਸੇਵਾ ਅਤੇ ਦ੍ਰਿੜਤਾ ਦੀ ਨਵੀਂ ਊਰਜਾ ਨਾਲ ਅੱਗੇ ਵਧ ਰਹੇ ਨੇ ।

---

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਵੱਲੋਂ  ਲਿਖਿਆ ਇੱਕ ਲੇਖ ਸਾਂਝਾ ਕੀਤਾ। ਇਹ ਲੇਖ 'ਚ ਭਾਰਤ ਦੇ ਸਮਾਵੇਸ਼ੀ ਵਿਕਾਸ ਮਾਰਗ ਦਾ ਜ਼ਿਕਰ ਕੀਤਾ ਗਿਆ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਸਾਬਕਾ ਰਾਸ਼ਟਰਪਤੀ ਨੇ "ਸਬਕਾ ਸਾਥ, ਸਬਕਾ ਵਿਕਾਸ" ਦੀ ਸਰਕਾਰ ਦੀ ਮੁੱਖ ਨੀਤੀ 'ਤੇ ਜ਼ੋਰ

ਦਿੱਤਾ। ਲੇਖ ਵਿੱਚ, ਸ਼੍ਰੀ ਕੋਵਿੰਦ ਨੇ ਦੱਸਿਆ ਕਿ ਕਿਵੇਂ ਭਾਰਤ ਦੀ ਵਿਕਾਸ ਗਾਥਾ  ਉਨ੍ਹਾਂ ਲੋਕਾਂ ਨੂੰ ਰਾਸ਼ਟਰੀ ਮੁੱਖ ਧਾਰਾ ਵਿੱਚ ਲਿਆ ਰਹੀ ਹੈ ਜਿਨ੍ਹਾਂ ਨੂੰ ਪਹਿਲਾਂ ਅਣਗੌਲਿਆ ਤੇ ਅਣਡਿੱਠਾ , ਕੀਤਾ ਗਿਆ ਸੀ |

-----------------------------------------------------------------

ਭਾਰਤ ਅਤੇ ਅਫਗਾਨਿਸਤਾਨ ਵਿਚਕਾਰ 3 20-20 ਕ੍ਰਿਕੇਟ ਮੈਚਾਂ ਦੀ ਅੰਤਰਰਾਸ਼ਟਰੀ ਲੜੀ ਦਾ ਆਖਰੀ ਮੈਚ ਨਵੀਂ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ ਖੇਡਿਆ ਜਾ ਰਿਹਾ। ਅਫਗਾਨਿਸਤਾਨ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ ਏ |

-----------------------------------------------------------------

- ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਕਿਹਾ ਹੈ ਕਿ ਦੁਨੀਆ ਨੂੰ ਨਵੇਂ ਅਤੇ ਭਰੋਸੇਮੰਦ ਨਿਰਮਾਣ ਕੇਂਦਰਾਂ ਦੀ ਲੋੜ ਏ , ਅਤੇ ਭਾਰਤ ਇਸ ਨੂੰ ਪੂਰਾ ਕਰਨ ਲਈ ਤਿਆਰੀ ਕਰ ਰਿਹਾ ਏ।

- ਦੇਹਾਤੀ   ਵਿਕਾਸ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਨੇ ਕਿ ਉਹ ਇਸ ਗੱਲ ਦਾ  ਪਤਾ ਲਾਉਣ ਕਿ  ਵਿਕਸਤ ਭਾਰਤ G RAM G ਯੋਜਨਾ ਵਿਕਸਤ ਪਿੰਡਾਂ ਦੇ ਨਿਰਮਾਣ ਵਿੱਚ ਕਿਵੇਂ ਯੋਗਦਾਨ ਪਾ ਸਕਦੀ ਏ।

- ਇਸ ਸਾਲ ਅਗਸਤ ਵਿੱਚ ਭਾਰਤ ਦੀ ਕੱਪੜਾ ਬਰਾਮਦ ਵਧ ਕੇ 29,700 ਕਰੋੜ ਰੁਪਏ ਤੋਂ ਵੱਧ ਹੋ ਗਈ ਏ |

- ਸੁਪਰੀਮ ਕੋਰਟ ਨੇ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (CBSE ) ਨੂੰ  ਛੇਵੀਂ ਜਮਾਤ ਦੇ ਵਿਦਿਆਰਥੀਆਂ ਲਈ ਲਾਜ਼ਮੀ ਤ੍ਰੈ-ਭਾਸ਼ਾ ਨੀਤੀ 2027 ਦੇ ਅਕਾਦਮਿਕ SESSION ਤੋਂ ਲਾਗੂ ਕਰਨ 'ਤੇ ਵਿਚਾਰ ਕਰਨ ਲਈ ਕਿਹਾ ਏ।

- ਭਾਰਤ ਅਤੇ ਅਫਗਾਨਿਸਤਾਨ ਵਿਚਕਾਰ ਤਿੰਨ  20-20 ਕ੍ਰਿਕੇਟ ਮੈਚਾਂ ਦੀ ਅੰਤਰਰਾਸ਼ਟਰੀ ਲੜੀ ਦਾ ਆਖਰੀ ਮੈਚ ਨਵੀਂ ਦਿੱਲੀ ਵਿੱਚ ਖੇਡਿਆ ਜਾ ਰਿਹਾ ਏ |

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**